# ਡਾਇਰੈਕਟੋਰੇਟ, ਸਿਹਤ ਤੇ ਪਰਿਵਾਰ ਭਲਾਈ ਪੰਜਾਬ।

ਪਲਾਟ ਨੰਬਰ 5, ਪਰਿਵਾਰ ਕਲਿਆਣ ਭਵਨ, ਸੈਕਟਰ 34-ਏ, ਚੰਡੀਗੜ੍ਹ।
(ਅਮਲਾ-9 ਸ਼ਾਖਾ), ਤੀਜੀ ਮੰਜ਼ਿਲ, ਕਮਰਾ ਨੰਬਰ 417,
ਈਮੇਲ-e9branch417@gmail.com

## (ਜਨਤਕ ਸੂਚਨਾ)

ਡਾਇਰੈਕਟੋਰੇਟ, ਸਿਹਤ ਤੇ ਪਰਿਵਾਰ ਭਲਾਈ ਪੰਜਾਬ ਵੱਲੋਂ ਮਲਟੀਪਰਪਜ਼ ਹੈਲਥ ਵਰਕਰ (ਫੀਮੇਲ) ਦੀਆਂ 986 ਅਸਾਮੀਆਂ ਦੀ ਭਰਤੀ ਸਬੰਧੀ ਜਾਤੀ ਪ੍ਰਮਾਣ ਪੱਤਰ ਵੈਰੀਫਾਈ ਕਰਨ ਲਈ ਮਿਤੀ 27.06.2024, 28.09.2024 ਅਤੇ 29.06.2024 ਤੱਕ ਵੱਖ ਵੱਖ ਅਖਬਾਰਾਂ ਵਿੱਚ ਮਿਤੀ 25.06.2024 ਨੂੰ ਇਸ਼ਤਿਹਾਰ ਦਿੱਤਾ ਗਿਆ ਸੀ। ਉਕਤ ਮਿਤੀਆਂ ਨੂੰ ਬੁਲਾਏ ਗਏ ਉਮੀਦਵਾਰਾਂ ਵਿੱਚੋਂ 25 ਉਮੀਦਵਾਰ ਗੈਰ-ਹਾਜ਼ਰ ਰਹੇ ਸਨ। ਇਸ ਤੋਂ ਇਲਾਵਾ ਕੁੱਝ ਉਮੀਦਵਾਰਾਂ ਨੂੰ ਡਾਇਰੈਕਟਰ, ਸਮਾਜਿਕ ਨਿਆਂ ਅਧਿਕਾਰਤਾ ਅਤੇ ਘੱਟ ਗਿਣਤੀ ਵਿਭਾਗ ਪੰਜਾਬ ਦੇ ਨੁਮਾਇੰਦਿਆਂ ਵੱਲੋਂ ਆਪਣੀ ਜਾਤੀ ਨਾਲ ਸਬੰਧਤ ਪ੍ਰਮਾਣ ਪੱਤਰ (ਅਨੁਸੂਚਿਤ ਜਾਤੀ, ਪੱਛੜੀ ਸ਼੍ਰੇਣੀ ਜਾਂ ਇਕਨਾਮਿਕਲ ਵੀਕਰ ਸੈਕਸ਼ਨ) ਨਵੇਂ ਜਾਰੀ ਕਰਵਾਉਣ ਉਪਰੰਤ ਜਮ੍ਹਾਂ ਕਰਵਾਉਣ ਲਈ ਕਿਹਾ ਗਿਆ ਸੀ।

ਉਕਤ 25 ਗੈਰ-ਹਾਜ਼ਰ ਉਮੀਦਵਾਰਾਂ ਅਤੇ ਡਾਇਰੈਕਟਰ, ਸਮਾਜਿਕ ਨਿਆਂ ਅਧਿਕਾਰਤਾ ਅਤੇ ਘੱਟ ਗਿਣਤੀ ਵਿਭਾਗ ਪੰਜਾਬ ਦੇ ਨੁਮਾਇੰਦਿਆਂ ਵੱਲੋਂ ਜਿਨ੍ਹਾਂ ਉਮੀਦਵਾਰਾਂ ਨੂੰ ਆਪਣੀ ਜਾਤੀ ਨਾਲ ਸਬੰਧਤ ਪ੍ਰਮਾਣ ਪੱਤਰ (ਅਨੁਸੂਚਿਤ ਜਾਤੀ, ਪੱਛੜੀ ਸ਼੍ਰੇਣੀ ਜਾਂ ਇਕਨਾਮਿਕਲ ਵੀਕਰ ਸੈਕਸ਼ਨ) ਨਵੇਂ ਜਾਰੀ ਕਰਵਾਉਣ ਉਪਰੰਤ ਜਮ੍ਹਾਂ ਕਰਵਾਉਣ ਲਈ ਕਿਹਾ ਗਿਆ ਸੀ, ਨੂੰ ਇੱਕ ਆਖਰੀ ਮੌਕਾ ਦਿੰਦੇ ਹੋਏ ਮਿਤੀ 11.07.2024 ਨੂੰ ਡਾਇਰੈਕਟੋਰੇਟ, ਸਿਹਤ ਤੇ ਪਰਿਵਾਰ ਭਲਾਈ ਪੰਜਾਬ, ਪਰਿਵਾਰ ਕਲਿਆਣ ਭਵਨ, ਸੈਕਟਰ 34 ਏ, ਚੰਡੀਗੜ੍ਹ ਵਿਖੇ ਸਵੇਰੇ 09:00 ਵਜੇ ਤੋਂ ਦੁਪਹਿਰ 12:00 ਵਜੇ ਤੱਕ ਕਾਨਫਰੰਸ ਹਾਲ ਵਿੱਚ ਰੱਖੀ ਕਾਊਂਸਲਿੰਗ ਵਿੱਚ ਬੁਲਾਇਆ ਜਾਂਦਾ ਹੈ।

- ਉਮੀਦਵਾਰ ਆਪਣੇ ਅਸਲ ਜਾਤੀ ਪ੍ਰਮਾਣ ਪੱਤਰ ਸਮੇਤ ਸਵੈ-ਤਸਦੀਕਸ਼ੁਦਾ ਸਰਟੀਫਿਕੇਟ ਆਦਿ ਨਾਲ ਲੈਕੇ ਹਾਜ਼ਰ ਹੋਣਗੇ।
- ਉਮੀਦਵਾਰ ਮਿੱਥੀ ਮਿਤੀ ਨੂੰ ਕਾਊਂਸਲਿੰਗ ਵਿੱਚ ਹਾਜ਼ਰ ਹੋਣਾ ਯਕੀਨੀ ਬਣਾਉਣ, ਗੈਰ-ਹਾਜ਼ਰ ਹੋਣ ਦੀ ਸੂਰਤ ਵਿੱਚ ਕੋਈ ਹੋਰ ਮੌਕਾ ਨਹੀਂ ਦਿੱਤਾ ਜਾਵੇਗਾ।
- ਕਾਊਂਸਲਿੰਗ ਲਈ ਬੁਲਾਏ ਗਏ ਉਮੀਦਵਾਰਾਂ ਨੂੰ ਕੋਈ ਟੀ.ਏ./ਡੀ.ਏ. ਆਦਿ ਨਹੀਂ ਦਿੱਤਾ ਜਾਵੇਗਾ।

HICO 8/7/24

ਡਾਇਰੈਕਟਰ, ਸਿਹਤ ਸੇਵਾਵਾਂ (ਪ.ਭ.) ਪੰਜਾਬ।

Scanned with CamScanner